# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਮੁੱਖ ਦਫ਼ਤਰ: 297, ਉਪਕਾਰ ਨਗਰ, ਸਿਵਲ ਲਾਈਨਜ਼, ਲੁਧਿਆਣਾ। ਮੋਬਾਈਲ ਨੰ:98556-31777

ਹਵਾਲਾ ਨੰ:..........................

ਮਿਤੀ :..............................


ਸੇਵਾ ਵਿਖੇ

ਮਾਣਯੋਗ ਮੁੱਖ ਮੰਤਰੀ ਸਾਹਿਬ

ਪੰਜਾਬ। cmo@punjab.gov.in

ਪ.ਭ.ਪ.ਭ/18 ਮਿਤੀ: 19.02.2019

ਵਿਸ਼ਾ: ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਅਤੇ ਪੀ.ਐਸ.ਪੀ.ਸੀ.ਐਲ. ਦੀ ਵੈਬਸਾਈਟ ਉੱਪਰ ਉਪਲਬਧ ਕਰਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਸਬੰਧੀ ਪੀ.ਐਸ.ਪੀ.ਸੀ.ਐਲ. ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਵੱਲੋਂ ਕਾਰਵਾਈ ਨਾ ਕਰਨ ਜਾਂ ਕੀਤੀ ਕਾਰਵਾਈ ਬਾਰੇ ਭਾਈਚਾਰੇ ਨੂੰ ਸੂਚਿਤ ਨਾ ਕਰਨ ਸਬੰਧੀ।

ਸ਼੍ਰੀ ਮਾਨ ਜੀ,

ਬੜੀ ਹੀ ਨਿਮਰਤਾ ਸਹਿਤ ਆਪ ਜੀ ਦੇ ਧਿਆਨ ਵਿਚ ਲਿਆਂਦਾ ਜਾਂਦਾ ਹੈ ਕਿ:

1. ਪੰਜਾਬ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਪੱਤਰ ਨੰ:8 ਮਿਤੀ 28.01.2019 ਰਾਹੀਂ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ ਪੀ.ਐਸ.ਪੀ.ਸੀ.ਐਲ. ਨੂੰ ਬੇਨਤੀ ਕੀਤੀ ਗਈ ਸੀ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੀਤੇ ਜਾਂਦੇ ਦਫਤਰੀ ਕੰਮ ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ।
2. ਇਸ ਪੱਤਰ ਦੇ ਉਤਾਰੇ ਮਾਣਯੋਗ ਸ਼੍ਰੀਮਤੀ ਰਜ਼ੀਆ ਸੁਲਤਾਨਾ ਮੰਤਰੀ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ਼੍ਰੀ ਐਸ.ਕੇ. ਸੰਧੂ ਵਧੀਕ ਮੁੱਖ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਮਾਣਯੋਗ ਸ਼੍ਰੀ ਵੀ.ਕੇ. ਮੀਨਾ ਸਕੱਤਰ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਪੰਜਾਬ ਚੰਡੀਗੜ੍ਹ, ਉਪ ਕੁਲਪਤੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਚੇਅਰਮੈਨ ਪੀ.ਐਸ.ਪੀ.ਸੀ.ਐਲ. ਪਟਿਆਲਾ ਨੂੰ ਭੇਜੇ ਗਏ ਸਨ।
3. ਇਸ ਪੱਤਰ ਨੂੰ ਲਿਖਿਆਂ 25 ਦਿਨ ਲੰਘ ਚੁੱਕੇ ਹਨ। ਭਾਈਚਾਰੇ ਨੂੰ ਅੱਜ ਤੱਕ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਪੀ.ਐਸ.ਪੀ.ਸੀ.ਐਲ. ਵੱਲੋਂ ਜਾਂ ਕਿਸੇ ਹੋਰ ਅਧਿਕਾਰੀ ਵੱਲੋਂ ਇਸ ਵਿਸ਼ੇ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਜਾਣੂ ਨਹੀਂ ਕਰਾਇਆ।

4. ਇਹ ਮਾਮਲਾ ਪੰਜਾਬੀ ਭਾਸ਼ਾ ਦੇ ਪਸਾਰ ਅਤੇ ਵਿਕਾਸ ਨਾਲ ਸਬੰਧਤ ਹੋਣ ਕਾਰਨ ਦੁਨੀਆ ਭਰ ਵਿਚ ਵਸਦੇ ਹਰ ਪੰਜਾਬੀ ਨਾਲ ਸਬੰਧਤ ਹੈ।
5. ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨੂੰ ਯਕੀਨੀ ਬਣਾਉਣ ਨੂੰ ਇਹ ਮਾਮਲਾ ਮੁੜ ਆਪ ਜੀ ਦੇ ਧਿਆਨ ਵਿਚ ਲਿਆ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਤੁਸੀਂ ਆਪ ਇਸ ਮਾਮਲੇ ਵਿਚ ਦਖ਼ਲ ਦੇਵੋ ਅਤੇ ਪੰਜਾਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰੋ ਕਿ ਉਹ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਤੇ ਅਮਲ ਯਕੀਨੀ ਬਣਾਉਣ।

ਉਸਾਰੂ ਹੁੰਗਾਰੇ ਦੀ ਉਡੀਕ ਵਿਚ।

ਪੰਜਾਬੀ ਭਾਸ਼ਾ ਦੇ ਹਿਤੂ

| (ਮਿੱਤਰ ਸੈਨ ਮੀਤ) | (ਸੁਖਇੰਦਰ ਪਾਲ ਸਿੰਘ ਸਿੱਧੂ) | (ਮਹਿੰਦਰ ਸਿੰਘ ਸੇਖੋਂ) |
|---|---|---|
| ਸਹਾਇਕ ਸੰਚਾਲਕ (ਕਾਨੂੰਨ) | ਸਹਾਇਕ ਸੰਚਾਲਕ (ਦਫ਼ਤਰ) | ਸਹਾਇਕ ਸੰਚਾਲਕ (ਲੋਕ ਸੰਪਰਕ) |

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਸ਼੍ਰੀ ਗੁਰਪ੍ਰੀਤ ਸਿੰਘ ਕਾਂਗੜ, ਮੰਤਰੀ, ਬਿਜਲੀ ਵਿਭਾਗ, ਪੰਜਾਬ, ਚੰਡੀਗੜ੍ਹ।
2. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ। cs@punjab.gov.in
3. ਵਧੀਕ ਮੁੱਖ ਸਕੱਤਰ, ਬਿਜਲੀ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। secy.power@punjab.gov.in
4. ਸ਼੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
5. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in
6. ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਪੀ.ਐਸ.ਪੀ.ਸੀ.ਐਲ., ਪਟਿਆਲਾ। cmd-pspcl@pspcl.in

**ਨੱਥੀ:** ਪੱਤਰ ਨੰ:ਪ.ਭ.ਪ.ਭ./8 ਮਿਤੀ 28.01.2019

# ਪੰਜਾਬੀ ਭਾਸ਼ਾ ਪਾਸਾਰ ਭਾਈਚਾਰਾ

ਹਵਾਲਾ ਨੰ:..........................

ਮਿਤੀ :..............................

ਵੱਲ

ਇੰਜ: ਬਲਦੇਵ ਸਿੰਘ ਸਰਾਂ
ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ
ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ
ਪਟਿਆਲਾ। cmd-pspcl@pspcl.in

ਨੰ:ਪ.ਭ.ਪ.ਭ./8 ਮਿਤੀ:28.01.2019

**ਵਿਸ਼ਾ:** ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਕੀਤੇ ਜਾਂਦੇ ਸਾਰੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਅਤੇ ਕਾਰਪੋਰੇਸ਼ਨ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਸਬੰਧੀ ਬੇਨਤੀ।

**ਹਵਾਲਾ:** ਪੰਜਾਬੀ ਭਾਸ਼ਾ ਪਸਾਰ ਭਾਈਚਾਰਾ ਦੇ ਦਫ਼ਤਰ ਦੇ ਪੱਤਰ ਨੰ:ਪ.ਭ.ਪ.ਭ./65 ਮਿਤੀ 24.12.2018 ਦੇ ਹਵਾਲੇ ਵਿਚ।

ਸ਼੍ਰੀ ਮਾਨ ਇੰਜ: ਬਲਦੇਵ ਸਿੰਘ ਸਰਾਂ ਜੀ,

ਪੰਜਾਬੀ ਭਾਸ਼ਾ ਦੇ ਵਿਕਾਸ ਅਤੇ ਪਸਾਰ ਨਾਲ ਸਬੰਧਤ ਕੁਝ ਕਾਨੂੰਨੀ ਵਿਵਸਥਾਵਾਂ ਅਤੇ ਤੱਥ, ਨਿਮਰਤਾ ਸਹਿਤ, ਵਿਚਾਰ ਅਤੇ ਯੋਗ ਕਾਰਵਾਈ ਲਈ ਆਪ ਜੀ ਦੇ ਧਿਆਨ ਵਿਚ ਲਿਆਂਦੇ ਜਾ ਰਹੇ ਹਨ:

**ਭਾਗ ੳ- ਪੰਜਾਬੀ ਨੂੰ ਰਾਜ ਭਾਸ਼ਾ ਦਾ ਦਰਜਾ ਦੇਣ ਵਾਲੇ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਮਹੱਤਵਪੂਰਨ ਵਿਵੱਸਥਾਵਾਂ ਅਤੇ ਪੰਜਾਬ ਸਰਕਾਰ ਦਾ ਮਿਤੀ 05 ਸਤੰਬਰ 2018 ਦਾ ਨਵਾਂ ਹੁਕਮ**

ਆਪ ਜੀ ਦਾ ਧਿਆਨ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਕੁਝ ਹੇਠ ਲਿਖੀਆਂ ਮਹੱਤਵਪੂਰਨ ਵਿਵੱਸਥਾਵਾਂ ਵੱਲ ਵੀ ਦਿਵਾਇਆ ਜਾਂਦਾ ਹੈ:

1. 49 ਸਾਲ ਪਹਿਲਾਂ ਪੰਜਾਬ ਰਾਜ ਭਾਸ਼ਾ ਐਕਟ 1967 ਦੀ ਧਾਰਾ 3 ਰਾਹੀਂ, **ਪੰਜਾਬੀ ਭਾਸ਼ਾ ਨੂੰ ਪੰਜਾਬ ਰਾਜ ਦੀ ਰਾਜ ਭਾਸ਼ਾ** ਦਾ ਦਰਜਾ ਦਿੱਤਾ ਗਿਆ ਸੀ। ਸਾਲ 2008 ਵਿਚ 'ਰਾਜ ਭਾਸ਼ਾ (ਤਰਮੀਮ) ਐਕਟ 2008' ਰਾਹੀਂ ਇਸ ਐਕਟ ਵਿਚ ਮਹੱਤਵਪੂਰਨ ਸੋਧਾਂ ਹੋਈਆਂ। ਨਵੀਂ ਜੋੜੀ ਧਾਰਾ 3(ਅ) ਰਾਹੀਂ 'ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਸਾਰੇ ਅਦਾਰਿਆਂ ਵਿਚ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਕੀਤੇ ਜਾਣਾ ਜ਼ਰੂਰੀ' ਕੀਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 3(ਅ) - ਰਾਜ ਸਰਕਾਰ ਦੇ ਅਤੇ ਸਰਕਾਰੀ ਖੇਤਰ ਦੇ ਅਦਾਰਿਆਂ ਦੇ ਦਫ਼ਤਰਾਂ ਆਦਿ ਵਿਚ ਪੰਜਾਬੀ ਦੀ ਵਰਤੋਂ ਬਾਰੇ**

**"ਧਾਰਾ 3(ਅ):** ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ, ਸਰਕਾਰੀ ਖੇਤਰ ਦੇ ਅਦਾਰਿਆਂ, ਬੋਰਡਾਂ ਅਤੇ ਲੋਕਲ ਬਾਡੀਜ਼ ਅਤੇ ਰਾਜ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇਗਾ।"

2. 2008 ਦੇ ਇਸੇ ਸੋਧ ਐਕਟ ਦੀ ਧਾਰਾ 8(ੳ) ਰਾਹੀਂ, ਡਾਇਰੈਕਟਰ ਭਾਸ਼ਾ ਵਿਭਾਗ (ਅਤੇ ਅਗਾਂਹ ਜ਼ਿਲ੍ਹਾ ਸਿੱਖਿਆ ਅਫ਼ਸਰਾਂ) ਨੂੰ ਪੰਜਾਬ ਸਰਕਾਰ ਦੇ ਦਫ਼ਤਰਾਂ ਵਿਚ, ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਹੁੰਦਾ ਹੈ ਜਾਂ ਨਹੀਂ, ਇਸ ਤੱਥ ਦੀ ਪੜਤਾਲ ਕਰਨ ਦਾ ਅਧਿਕਾਰ ਦਿੱਤਾ ਗਿਆ। ਇਸ ਵਿਵਸਥਾ ਦੀ ਇਬਾਰਤ ਇਹ ਹੈ:

**"ਧਾਰਾ 8 (ੳ): ਸਮੀਖਿਆ ਦਾ ਅਧਿਕਾਰ:** ਡਾਇਰੈਕਟਰ ਭਾਸ਼ਾ ਵਿਭਾਗ ਜਾਂ ਉਸ ਦੇ ਅਧੀਨ ਅਤੇ ਇਸ ਮੰਤਵ ਲਈ ਉਸ ਵੱਲੋਂ ਨਾਮਜ਼ਦ ਕੀਤੇ ਗਏ ਅਫਸਰਾਂ ਕੋਲ ਇਸ ਐਕਟ ਦੀਆਂ ਧਾਰਾਵਾਂ 3(ੳ) ਅਤੇ 3(ਅ) ਦੀ ਪਾਲਣਾ ਦਾ ਪਤਾ ਲਗਾਉਣ ਵਾਸਤੇ ਰਾਜ ਸਰਕਾਰ ਦੇ ਸਰਕਾਰੀ ਦਫ਼ਤਰਾਂ, ਜਨਤਕ ਅਦਾਰਿਆਂ, ਬੋਰਡਾਂ, ਕਾਰਪੋਰੇਸ਼ਨਾਂ ਅਤੇ ਸਕੂਲਾਂ, ਕਾਲਜਾਂ, **ਯੂਨੀਵਰਸਿਟੀਆਂ** ਆਦਿ ਦਫ਼ਤਰਾਂ ਦਾ ਮੁਆਇਨਾ ਕਰਨ ਦਾ ਅਧਿਕਾਰ ਹੋਵੇਗਾ। ਦਫ਼ਤਰ ਦਾ ਦਫ਼ਤਰੀ ਰਿਕਾਰਡ ਰੱਖਣ ਵਾਲੇ ਅਫ਼ਸਰ ਆਪਣੇ ਕਬਜ਼ੇ ਹੇਠਲਾ ਸਾਰਾ ਰਿਕਾਰਡ ਮੁਆਇਨਾ ਕਰਨ ਵਾਲੇ ਡਾਇਰੈਕਟਰ ਜਾਂ ਅਫ਼ਸਰ ਨੂੰ ਮੁਹੱਈਆ ਕਰਾਉਣਗੇ।"

3. ਸਾਲ 2008 ਦੇ ਇਸੇ ਸੋਧ ਐਕਟ ਦੀ ਧਾਰਾ 8(ਸ) ਰਾਹੀਂ, ਉਹਨਾਂ ਕਰਮਚਾਰੀਆਂ/ ਅਧਿਕਾਰੀਆਂ ਨੂੰ ਸਜ਼ਾ ਦੇਣ ਦੀ ਵਿਵਸਥਾ ਵੀ ਕੀਤੀ ਗਈ ਹੈ ਜੋ ਆਪਣਾ ਦਫ਼ਤਰੀ ਕੰਮ-ਕਾਜ ਪੰਜਾਬੀ ਵਿਚ ਨਹੀਂ ਕਰਨਗੇ। ਇਸ ਵਿਵਸਥਾ ਦੀ ਇਬਾਰਤ ਇਹ ਹੈ:

"**ਧਾਰਾ 8(ਸ) ਸਜ਼ਾਵਾਂ-** ਜੇਕਰ ਕੋਈ ਅਧਿਕਾਰੀ ਜਾਂ ਕਰਮਚਾਰੀ ਇਸ ਐਕਟ ਦੀਆਂ ਧਾਰਾਵਾਂ ਜਾਂ ਇਹਨਾਂ ਤਹਿਤ ਕੀਤੇ ਨੋਟੀਫਿਕੇਸ਼ਨਾਂ ਦੀ ਵਾਰ ਵਾਰ ਉਲੰਘਣਾ ਕਰਦਾ ਪਾਇਆ ਗਿਆ ਤਾਂ ਉਹ ਪੰਜਾਬ ਸਿਵਲ ਸੇਵਾਵਾਂ (ਦੰਡ ਅਤੇ ਅਪੀਲ) ਨਿਯਮ, 1970 ਦੇ ਤਹਿਤ ਕਾਰਵਾਈ ਕੀਤੇ ਜਾਣ ਦਾ ਭਾਗੀ ਹੋਵੇਗਾ।"

ਉਪਰੋਕਤ ਉਪ ਧਾਰਾ (1) ਤਹਿਤ ਕਸੂਰਵਾਰ ਅਧਿਕਾਰੀ ਜਾਂ ਕਰਮਚਾਰੀ ਵਿਰੁੱਧ ਸਬੰਧਤ ਕੰਪੀਟੈਂਟ ਅਥਾਰਟੀ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੀਆਂ ਸਿਫਾਰਸ਼ਾਂ ਅਨੁਸਾਰ ਕਰੇਗੀ।

ਬਸ਼ਰਤੇ ਕਿ ਅਜਿਹੀ ਕਾਰਵਾਈ ਤੋਂ ਪਹਿਲਾਂ ਸਬੰਧਤ ਅਧਿਕਾਰੀ ਜਾਂ ਕਰਮਚਾਰੀ ਨੂੰ ਸੁਣੇ ਜਾਣ ਦਾ ਮੌਕਾ ਦਿੱਤਾ ਜਾਵੇਗਾ।'

4. ਪੰਜਾਬ ਸਰਕਾਰ ਵੱਲੋਂ ਇਹ ਕਾਨੂੰਨ ਤਾਂ ਬਣਾ ਦਿੱਤੇ ਗਏ ਪਰ ਇਹਨਾਂ ਤੇ ਅਮਲ ਨਹੀਂ ਹੋਇਆ। ਉਲਟਾ ਪੰਜਾਬੀ ਦੀ ਥਾਂ ਅੰਗਰੇਜ਼ੀ ਵਿਚ ਵੱਧ ਕੰਮ-ਕਾਜ ਹੋਣ ਲੱਗ ਪਿਆ। ਪੰਜਾਬੀ ਭਾਸ਼ਾ ਨਾਲ ਹੁੰਦੀ ਇਸ ਜ਼ਿਆਦਤੀ ਵਿਰੁੱਧ ਕੁਝ ਸੰਸਥਾਵਾਂ (ਵਿਸ਼ੇਸ਼ ਕਰਕੇ ਗੁਰੂ ਗੋਬਿੰਦ ਸਿੰਘ ਸਟਡੀ ਸਰਕਲ) ਨੇ ਪੰਜਾਬ ਸਰਕਾਰ ਨਾਲ ਰਾਬਤਾ ਕਾਇਮ ਕੀਤਾ ਅਤੇ ਇਹਨਾਂ ਵਿਵਸਥਾਵਾਂ ਨੂੰ ਲਾਗੂ ਕਰਾਉਣ ਲਈ ਦਬਾਅ ਪਾਇਆ। ਸ਼੍ਰੀ ਹਰੀ ਚੰਦ ਅਰੋੜਾ, ਸੀਨੀਅਰ ਐਡਵੋਕੇਟ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਕਾਨੂੰਨ ਦੀਆਂ ਇਹਨਾਂ ਵਿਵਸਥਾਵਾਂ ਦੀ ਹੋ ਰਹੀ ਘੋਰ ਉਲੰਘਣਾ ਬਾਰੇ ਪੰਜਾਬ ਸਰਕਾਰ ਨੂੰ **20 ਦੇ ਕਰੀਬ ਕਾਨੂੰਨੀ ਨੋਟਿਸ** ਦਿੱਤੇ ਗਏ। ਦਬਾਵਾਂ ਹੇਠ ਆਈ ਪੰਜਾਬ ਸਰਕਾਰ ਨੇ ਆਪਣੇ ਪ੍ਰਸ਼ਾਸਨਿਕ ਅਧਿਕਾਰੀਆਂ ਲਈ ਮਿਤੀ 05.09.2018 ਨੂੰ ਇੱਕ ਹੁਕਮ ਜਾਰੀ ਕੀਤਾ ਅਤੇ ਹਦਾਇਤ ਕੀਤੀ ਕਿ 'ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ ਵਿਚ ਸਾਰਾ ਕੰਮ-ਕਾਜ ਪੰਜਾਬੀ ਵਿਚ ਕੀਤਾ ਜਾਵੇ।' ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਇਸ ਲਈ ਆਪ ਨੂੰ ਮੁੜ ਬੇਨਤੀ ਕੀਤੀ ਜਾਂਦੀ ਹੈ ਕਿ **ਸਰਕਾਰ ਦੇ ਸਾਰੇ ਦਫ਼ਤਰਾਂ, ਬੋਰਡਾਂ, ਕਾਰਪੋਰੇਸ਼ਨਾਂ** ਦਾ ਸਮੁੱਚਾ ਦਫ਼ਤਰੀ ਕੰਮ-ਕਾਜ, ਭਾਰਤ ਸਰਕਾਰ ਅਤੇ ਦੂਜੇ ਰਾਜਾਂ ਨਾਲ ਕੀਤੀ ਜਾਣ ਵਾਲੀ ਲਿਖਾ-ਪੜ੍ਹੀ ਨੂੰ ਛੱਡ ਕੇ, **ਪੰਜਾਬ**

**ਰਾਜ ਭਾਸ਼ਾ (ਤਰਮੀਮ) ਐਕਟ, 2008 ਦੇ ਉਪਬੰਧਾਂ ਅਨੁਸਾਰ ਕੇਵਲ ਪੰਜਾਬੀ ਭਾਸ਼ਾ ਵਿਚ ਹੀ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ।"**

5. ਇਸ ਮਹੱਤਵਪੂਰਨ ਹੁਕਮ ਰਾਹੀਂ ਪੰਜਾਬ ਸਰਕਾਰ ਨੇ ਆਪਣੇ ਦਫ਼ਤਰਾਂ ਦੇ ਮੁਖੀਆਂ ਨੂੰ ਇਹ ਹਦਾਇਤ ਵੀ ਜਾਰੀ ਕੀਤੀ ਹੈ ਕਿ ਉਹ ਆਪਣੀਆਂ ਇੰਟਰਨੈਟ ਤੇ ਪਾਈਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ, ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ ਵੀ ਉਪਲਬਧ ਕਰਾਉਣ। ਹੁਕਮ ਦੀਆਂ ਸਬੰਧਤ ਸਤਰਾਂ ਹੇਠ ਲਿਖੇ ਅਨੁਸਾਰ ਹਨ:

"ਪੰਜਾਬ ਸਰਕਾਰ ਵੱਲੋਂ ਵੱਖ-ਵੱਖ ਵਿਭਾਗਾਂ ਰਾਹੀਂ ਚਲਾਈਆਂ ਜਾ ਰਹੀਆਂ ਸਕੀਮਾਂ ਜ਼ਿਆਦਾਤਰ ਪੰਜਾਬ ਦੀ ਆਮ ਜਨਤਾ ਲਈ ਹੀ ਹਨ। ਇਸ ਲਈ ਸਮੂਹ ਵਿਭਾਗਾਂ, ਬੋਰਡਾਂ ਅਤੇ ਕਾਰਪੋਰੇਸ਼ਨਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ **ਆਪਣੀਆਂ ਵੈਬਸਾਈਟਾਂ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਭਾਸ਼ਾ ਵਿਚ (ਭਾਵ ਦੋਨੋਂ ਭਾਸ਼ਾਵਾਂ ਵਿਚ) ਤਿਆਰ ਕਰਕੇ ਅਪਲੋਡ ਕਰਨ ਤਾਂ ਜੋ ਪੰਜਾਬ ਵਾਸੀ ਇਨ੍ਹਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾ ਸਕਣ।"**

<u>ਨੋਟ:</u> ਕਿਸੇ ਵਿਭਾਗ ਵੱਲੋਂ ਆਪਣੀ ਵੈਬਸਾਈਟ ਤੇ ਉਪਲਬਧ ਕਰਾਈ ਗਈ ਸੂਚਨਾ ਉਸ ਦੇ 'ਦਫ਼ਤਰੀ ਕੰਮ ਕਾਜ' ਦਾ ਹਿੱਸਾ ਹੈ।

**ਭਾਗ ਅ- ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀਆਂ ਉਲੰਘਣਾਵਾਂ ਦੀਆਂ ਉਦਾਹਰਣਾਂ**

1. ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਆਏ ਮਹੀਨੇ ਆਪਣੇ ਬਿਜਲੀ ਉਪਭੋਗਤਾਵਾਂ ਨੂੰ ਕਰੀਬ 90 ਲੱਖ ਬਿਲ ਜਾਰੀ ਕੀਤੇ ਜਾਂਦੇ ਹਨ। ਇਨ੍ਹਾਂ ਬਿਲਾਂ ਉੱਪਰ ਬਿਜਲੀ ਦੀ ਖਪਤ ਬਾਰੇ ਜੋ ਸੂਚਨਾ ਦਰਜ ਕੀਤੀ ਜਾਂਦੀ ਹੈ ਉਹ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੁੰਦੀ ਹੈ ਜਦੋਂਕਿ ਉਪਭੋਗਤਾਵਾਂ ਦੀ ਘੱਟੋ-ਘੱਟ ਅੱਧੀ ਵਸੋਂ ਅੰਗਰੇਜ਼ੀ ਭਾਸ਼ਾ ਵਿਚ ਮੁਹਾਰਤ ਨਹੀਂ ਰੱਖਦੀ।

2. ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਜੋ ਦਫ਼ਤਰੀ ਚਿੱਠੀ ਪੱਤਰ ਕੀਤਾ ਜਾਂਦਾ ਹੈ ਉਹ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੁੰਦਾ ਹੈ। ਵਿਡੰਬਨਾ ਹੈ ਕਿ ਕਾਰਪੋਰੇਸ਼ਨ ਦੇ ਡੀ.ਜੀ.ਐਮ./ਆਈ.ਟੀ. ਵੱਲੋਂ ਜਾਰੀ ਕੀਤਾ ਗਿਆ ਮੀਮੋ ਨੰ:8126 ਮਿਤੀ 07.01.2019, ਜਿਸ ਰਾਹੀਂ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਕਾਰਪੋਰੇਸ਼ਨ ਦੀ ਵੈਬਸਾਈਟ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਨੂੰ ਪੰਜਾਬੀ ਵਿਚ ਵੀ ਉਪਲਬਧ ਕਰਾਉਣ ਦੇ ਨਿਰਦੇਸ਼ ਦਿੱਤੇ ਗਏ ਸਨ, ਲਈ ਵੀ ਅੰਗਰੇਜ਼ੀ ਭਾਸ਼ਾ ਦੀ ਵਰਤੋਂ ਕੀਤੀ ਗਈ ਹੈ।
3. ਪੰਜਾਬ ਸਰਕਾਰ ਵੱਲੋਂ ਆਪਣੇ ਸਰਕਾਰੀ ਵਿਭਾਗਾਂ ਅਤੇ ਅਦਾਰਿਆਂ ਨੂੰ ਆਪਣੀਆਂ ਵੈਬਸਾਈਟਾਂ ਵਿਚ ਉਪਲਬਧ ਕਰਵਾਈ ਗਈ ਸੂਚਨਾ ਨੂੰ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਉਪਲਬਧ ਕਰਾਉਣ ਲਈ ਜਾਰੀ ਕੀਤੇ ਗਏ ਹੁਕਮ (ਮਿਤੀ 05.09.2018) ਦੇ ਕਰੀਬ ਸਾਢੇ ਚਾਰ ਮਹੀਨੇ ਲੰਘ ਜਾਣ ਦੇ ਬਾਵਜੂਦ ਵੀ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਵੈਬਸਾਈਟ ਹਾਲੇ ਵੀ ਕੇਵਲ ਅੰਗਰੇਜ਼ੀ ਭਾਸ਼ਾ ਵਿਚ ਹੈ। ਇਹੋ ਹਾਲ ਕਾਰਪੋਰੇਸ਼ਨ ਦੇ ਅਧੀਨ ਕੰਮ ਕਰਦੇ ਬਾਕੀ ਵਿਭਾਗਾਂ ਦਾ ਹੈ।
4. ਪੰਜਾਬੀ ਭਾਸ਼ਾ ਪਸਾਰ ਭਾਈਚਾਰੇ ਵੱਲੋਂ ਆਪਣੇ ਦਫ਼ਤਰ ਦੇ ਪੱਤਰ ਨੰ:ਪ.ਭ.ਪ.ਭ./65 ਮਿਤੀ 24.12.2018 ਜਿਸ ਦਾ ਉਤਾਰਾ ਆਪ ਜੀ ਨੂੰ ਵੀ ਭੇਜਿਆ ਗਿਆ ਸੀ, ਰਾਹੀਂ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਨੂੰ 'ਪੰਜਾਬ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਨਵੇਂ ਹੁਕਮ ਮਿਤੀ 05 ਸਤੰਬਰ 2018 ਦੀ ਪਾਲਣਾ ਹਿਤ ਪੰਜਾਬੀ ਯੂਨੀਵਰਸਿਟੀ ਪਟਿਆਲਾ ਅਤੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ

ਵੱਲੋਂ ਕੀਤੇ ਜਾਂਦੇ ਦਫ਼ਤਰੀ ਕੰਮ-ਕਾਜ ਨੂੰ ਪੰਜਾਬੀ ਵਿਚ ਕੀਤੇ ਜਾਣ ਨੂੰ ਯਕੀਨੀ ਬਣਾਉਣ ਸਬੰਧੀ ਬੇਨਤੀ' ਕੀਤੀ ਗਈ ਸੀ। ਇਸ ਪੱਤਰ ਵੱਲ ਆਪ ਜੀ ਵੱਲੋਂ ਕੋਈ ਤਵੱਜੋ ਨਹੀਂ ਦਿੱਤੀ ਗਈ।

**ਭਾਗ ੲ-** ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਚੇਅਰਮੈਨ ਸਾਹਿਬ ਨੂੰ ਰਾਜ ਭਾਸ਼ਾ ਐਕਟ 1967 ਦੀਆਂ ਵਿਵਸਥਾਵਾਂ ਅਤੇ ਪੰਜਾਬ ਸਰਕਾਰ ਦੇ ਮਿਤੀ 05.09.2018 ਦੇ ਹੁਕਮ ਦੀ ਇੰਨ-ਬਿੰਨ ਪਾਲਣਾ ਕਰਨ ਲਈ ਬੇਨਤੀ।

1. ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵੱਲੋਂ ਬਿਜਲੀ ਦੇ ਉਪਭੋਗਤਾਵਾਂ ਨੂੰ ਜੋ ਬਿਲ ਜਾਰੀ ਕੀਤੇ ਜਾਂਦੇ ਹਨ ਉਨ੍ਹਾਂ ਦੀ ਭਾਸ਼ਾ ਪੰਜਾਬੀ ਕੀਤੀ ਜਾਵੇ। ਜਿੱਥੇ ਲੋੜ ਹੋਵੇ ਉੱਥੇ ਪੰਜਾਬੀ ਦੇ ਨਾਲ-ਨਾਲ ਅੰਗਰੇਜ਼ੀ ਭਾਸ਼ਾ ਦੀ ਵਰਤੋਂ ਕੀਤੀ ਜਾ ਸਕਦੀ ਹੈ।
2. ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਵਿਚ ਹੁੰਦਾ ਸਾਰਾ ਦਫ਼ਤਰੀ ਕੰਮ-ਕਾਜ ਪੰਜਾਬੀ ਭਾਸ਼ਾ ਵਿਚ ਕੀਤਾ ਜਾਵੇ।
3. ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦੀ ਵੈਬਸਾਈਟ ਦੇ ਨਾਲ-ਨਾਲ ਇਸ ਅਧੀਨ ਕੰਮ ਕਰਦੇ ਸਾਰੇ ਦਫ਼ਤਰਾਂ ਦੀਆਂ ਵੈਬਸਾਈਟਾਂ ਉੱਪਰ ਉਪਲਬਧ ਕਰਵਾਈ ਗਈ ਸੂਚਨਾ ਅੰਗਰੇਜ਼ੀ ਦੇ ਨਾਲ-ਨਾਲ ਪੰਜਾਬੀ ਵਿਚ ਵੀ ਉਪਲਬਧ ਕਰਵਾਈ ਜਾਵੇ।

ਉਸਾਰੂ ਹੁੰਘਾਰੇ ਦੀ ਉਡੀਕ ਵਿਚ।

(ਮਿੱਤਰ ਸੈਨ ਮੀਤ)
ਸਹਾਇਕ ਸੰਚਾਲਕ (ਕਾਨੂੰਨ)

(ਹਰਬਖ਼ਸ਼ ਸਿੰਘ ਗਰੇਵਾਲ)
ਸਹਾਇਕ ਸੰਚਾਲਕ (ਪ੍ਰਬੰਧ)

(ਮਹਿੰਦਰ ਸਿੰਘ ਸੇਖੋਂ)
ਸਹਾਇਕ ਸੰਚਾਲਕ (ਲੋਕ ਸੰਪਰਕ)

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ/ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਮਾਣਯੋਗ ਮੁੱਖ ਮੰਤਰੀ, ਪੰਜਾਬ। cmo@punjab.gov.in
2. ਸ੍ਰੀ ਗੁਰਪ੍ਰੀਤ ਸਿੰਘ ਕਾਂਗੜ, ਮੰਤਰੀ, ਬਿਜਲੀ ਵਿਭਾਗ, ਪੰਜਾਬ, ਚੰਡੀਗੜ੍ਹ।
3. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ। cs@punjab.gov.in
4. ਵਧੀਕ ਮੁੱਖ ਸਕੱਤਰ, ਬਿਜਲੀ ਵਿਭਾਗ, ਪੰਜਾਬ ਸਰਕਾਰ, ਚੰਡੀਗੜ੍ਹ। secy.power@punjab.gov.in
5. ਸ੍ਰੀ ਐਸ.ਕੇ. ਸੰਧੂ, ਵਧੀਕ ਮੁੱਖ ਸਕੱਤਰ, ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ, ਪੰਜਾਬ, ਚੰਡੀਗੜ੍ਹ। sk.sandhu87@ias.gov.in , pshe@punjab.gov.in;
6. ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ, ਪਟਿਆਲਾ। dir.lang@punjab.gov.in